# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 01:40

**ਮਿਤੀ :25-08-2026**

## *ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ*

- ਰਾਸ਼ਟਰੀ ਸੁਰੱਖਿਆ ਸਲਾਹਕਾਰ ਅਤੇ ਭਾਰਤ-ਚੀਨ ਸਰਹੱਦੀ ਮਾਮਲਿਆਂ ਲਈ ਵਿਸ਼ੇਸ਼ ਪ੍ਰਤੀਨਿਧੀ, ਅਜੀਤ ਡੋਭਾਲ ਨੇ ਅੱਜ ਚੀਨ ਦੇ ਉਪ ਰਾਸ਼ਟਰਪਤੀ ਹਾਨ ਜ਼ੇਂਗ ਨਾਲ ਮੁਲਾਕਾਤ ਕੀਤੀ।
- ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਰੂਸ ਵਿੱਚ, ਭਾਰਤ-ਰੂਸ ਅੰਤਰ-ਸਰਕਾਰੀ ਕਮਿਸ਼ਨ ਦੇ 27ਵੇਂ ਸੈਸ਼ਨ ਦੀ ਸਹਿ-ਪ੍ਰਧਾਨਗੀ ਕੀਤੀ।
- ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ 10 ਸਾਲ ਪੂਰੇ ਕਰ ਲਏ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਹਰ ਭਾਰਤੀ ਨੂੰ ਦੇਸ਼ ਦੀ ਇਸ ਡਿਜੀਟਲ ਕ੍ਰਾਂਤੀ 'ਤੇ ਮਾਣ ਹੋਣਾ ਚਾਹੀਦਾ ਏ।

- ਸੰਸਦੀ ਮਾਮਲਿਆਂ ਬਾਰੇ ਮੰਤਰੀ, ਕਿਰੇਨ ਰਿਜੀਜੂ ਨੇ ਕਿਹਾ ਏ ਕਿ, ਸੰਸਦ ਰਾਜਨੀਤਿਕ ਪਾਰਟੀਆਂ ਦੀ ਨਹੀਂ, ਸਗੋਂ ਭਾਰਤ ਦੇ ਲੋਕਾਂ ਦੀ ਏ।
- ਸੁਪਰੀਮ ਕੋਰਟ ਨੇ ਕਿਹਾ ਏ ਕਿ ਪ੍ਰਾਈਵੇਟ ਕੰਪਨੀਆਂ ਦੀ EPFO ਅਤੇ ਆਮਦਨ ਟੈਕਸ ਰਿਟਰਨ ਵਰਗੀ ਸੰਵੇਦਨਸ਼ੀਲ ਜਾਣਕਾਰੀ ਤੱਕ ਪਹੁੰਚ "ਚਿੰਤਾਜਨਕ" ਏ।

----------------------------------------------------------

ਰਾਸ਼ਟਰੀ ਸੁਰੱਖਿਆ ਸਲਾਹਕਾਰ ਅਤੇ ਭਾਰਤ-ਚੀਨ ਸਰਹੱਦੀ ਮਾਮਲਿਆਂ ਲਈ ਵਿਸ਼ੇਸ਼ ਪ੍ਰਤੀਨਿਧੀ, ਅਜੀਤ ਡੋਭਾਲ ਨੇ ਅੱਜ ਚੀਨ ਦੇ ਉਪ ਰਾਸ਼ਟਰਪਤੀ ਹਾਨ ਜ਼ੇਂਗ ਨਾਲ ਮੁਲਾਕਾਤ ਕੀਤੀ। ਬੀਜਿੰਗ ਵਿੱਚ, ਭਾਰਤੀ ਦੂਤਘਰ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ, ਵਿਸ਼ੇਸ਼ ਪ੍ਰਤੀਨਿਧੀ ਪੱਧਰੀ ਗੱਲਬਾਤ ਦੇ 25ਵੇਂ ਗੇੜ ਤੋਂ ਪਹਿਲਾਂ, ਦੋਵਾਂ ਧਿਰਾਂ ਨੇ ਸਰਹੱਦੀ ਇਲਾਕਿਆਂ ਵਿੱਚ, ਸ਼ਾਂਤੀ ਅਤੇ ਸਥਿਰਤਾ ਬਣਾਈ ਰੱਖਣ ਦੇ ਢੰਗ-ਤਰੀਕਿਆਂ 'ਤੇ ਚਰਚਾ ਕੀਤੀ। ਦੋਵਾਂ ਦੇਸ਼ਾਂ ਦੇ ਨੇਤਾਵਾਂ ਵਿਚਕਾਰ ਹੋਈ ਸਹਿਮਤੀ ਅਨੁਸਾਰ, ਆਰਥਿਕ, ਰਾਜਨੀਤਿਕ ਅਤੇ ਬਹੁਪੱਖੀ ਮੰਚਾਂ 'ਤੇ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਪਾਵਾਂ 'ਤੇ ਵੀ ਸਲਾਹ-ਮਸ਼ਵਰਾ ਕੀਤਾ ਗਿਆ

-----------------------------------------------------

ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਰੂਸ ਵਿੱਚ, ਭਾਰਤ-ਰੂਸ ਅੰਤਰ-ਸਰਕਾਰੀ ਕਮਿਸ਼ਨ ਦੇ 27ਵੇਂ ਸੈਸ਼ਨ ਦੀ ਸਹਿ-ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਭਾਰਤ-ਰੂਸ ਆਰਥਿਕ ਭਾਈਵਾਲੀ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਬੋਲਦਿਆਂ, ਉਨ੍ਹਾਂ ਕਿਹਾ ਕਿ ਪਿਛਲੇ ਸਮਾਗਮ ਤੋਂ ਲੈ ਕੇ, ਦੋਵਾਂ ਦੇਸ਼ਾਂ ਦੇ ਨੇਤਾਵਾਂ ਨੇ ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਨੂੰ ਅੱਗੇ ਵਧਾਉਣ ਲਈ, ਲਗਾਤਾਰ ਸਪੱਸ਼ਟ ਦਿਸ਼ਾ-ਨਿਰਦੇਸ਼ ਦਿੱਤੇ ਨੇ। ਉਨ੍ਹਾਂ ਅੱਗੇ ਕਿਹਾ ਕਿ ਚੁਣੌਤੀਪੂਰਨ ਅੰਤਰਰਾਸ਼ਟਰੀ ਹਾਲਤ ਦੇ ਬਾਵਜੂਦ, ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਲਗਾਤਾਰ ਵਧਿਆ ਏ। ਸ੍ਰੀ ਜੈਸ਼ੰਕਰ ਨੇ ਕਿਹਾ ਕਿ ਪਿਛਲੇ ਪੰਜ ਸਾਲਾਂ ਵਿੱਚ, ਦੋਵਾਂ ਦੇਸ਼ਾਂ ਵਿਚਕਾਰ ਵਸਤਾਂ ਦਾ ਕਾਰੋਬਾਰ, 4 ਗੁਣਾ ਤੋਂ ਵੀ ਵੱਧ ਵਧਿਆ ਏ। 2021-22 ਵਿੱਚ ਇਹ ਲਗਭਗ 13 ਅਰਬ ਅਮਰੀਕੀ ਡਾਲਰ ਸੀ, ਜੋ 2025-26 ਵਿੱਚ ਲਗਭਗ 60 ਅਰਬ ਅਮਰੀਕੀ ਡਾਲਰ ਹੋ ਗਿਆ ਏ। ਵਿਦੇਸ਼ ਮੰਤਰੀ ਨੇ ਕਿਹਾ ਕਿ ਵਪਾਰ ਅਸੰਤੁਲਨ ਨੂੰ ਦੂਰ ਕਰਨ ਅਤੇ 2030 ਤੱਕ 100 ਅਰਬ ਅਮਰੀਕੀ ਡਾਲਰ ਦੇ ਦੁਵੱਲੇ ਵਪਾਰ ਦੇ ਟੀਚੇ ਨੂੰ ਹਾਸਿਲ ਕਰਨ ਲਈ ਬਿਹਤਰ ਬਾਜ਼ਾਰ ਪਹੁੰਚ, ਮਹਿਸੂਲ ਅਤੇ ਗੈਰ-ਮਹਿਸੂਲ ਰੁਕਾਵਟਾਂ ਨੂੰ ਹਟਾਉਣਾ, ਭੁਗਤਾਨ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ ਅਤੇ ਵਪਾਰਕ ਸਹਿਯੋਗ

ਵਿੱਚ ਵਾਧਾ ਬਹੁਤ ਜ਼ਰੂਰੀ ਏ।

--------------------------------------------------------

ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਅੱਜ ਜਾਪਾਨ ਦੀਆਂ ਪ੍ਰਮੁੱਖ ਵਿੱਤੀ ਅਤੇ ਨਿਵੇਸ਼ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ। ਇਸ ਵਿੱਚ ਪੂੰਜੀ ਪ੍ਰਵਾਹ ਅਤੇ ਨਿਵੇਸ਼ ਭਾਈਵਾਲੀ ਨੂੰ ਮਜ਼ਬੂਤ ਕਰਨ ਅਤੇ ਭਾਰਤ ਦੀ ਵਿਕਾਸ ਯਾਤਰਾ ਵਿੱਚ ਜਾਪਾਨੀ ਭਾਗੀਦਾਰੀ ਨੂੰ ਵਧਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਭਾਰਤ ਦੀਆਂ ਆਰਥਿਕ ਸੰਭਾਵਨਾਵਾਂ, ਉੱਭਰ ਰਹੇ ਨਿਵੇਸ਼ ਮੌਕਿਆਂ ਅਤੇ ਜਾਪਾਨੀ ਸੰਸਥਾਗਤ ਨਿਵੇਸ਼ ਨੂੰ ਹੋਰ ਸੁਵਿਧਾਜਨਕ ਬਣਾਉਣ ਦੇ ਉਪਾਵਾਂ 'ਤੇ ਵੀ ਚਰਚਾ ਕੀਤੀ ਗਈ।

--------------------------------------------------------

ਡਿਜੀਟਲ ਭੁਗਤਾਨ ਦੀ ਕਾਇਆ ਕਲਪ ਕਰਦਿਆਂ, ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ 10 ਸਾਲ ਪੂਰੇ ਕਰ ਲਏ ਨੇ। 2016 ਵਿੱਚ ਅੱਜ ਦੇ ਦਿਨ ਸ਼ੁਰੂ ਕੀਤਾ ਗਿਆ ਇਹ ਭਾਰਤ ਦੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ ਦੇ ਸਭ ਤੋਂ ਸਫਲ ਥੰਮ੍ਹਾਂ ਵਿੱਚੋਂ ਇੱਕ ਵਜੋਂ ਉਭਰਿਆ ਏ। UPI ਨੇ ਆਪਸ ਵਿੱਚ ਜੁੜੇ ਅਤੇ ਅਸਲ-ਸਮੇਂ ਦੇ ਭੁਗਤਾਨਾਂ ਦੀ ਸਹੂਲਤ ਉਪਲਬਧ ਕਰਾਈ ਏ। UPI ਲੈਣ-ਦੇਣ ਵਿੱਚ, ਲਗਭਗ 13 ਹਜ਼ਾਰ ਗੁਣਾ ਵਾਧਾ ਹੋਇਆ ਏ। ਵਿੱਤ ਮੰਤਰਾਲੇ ਅਨੁਸਾਰ, 2016-17 ਵਿੱਚ ਸਿਰਫ ਇੱਕ

ਕਰੋੜ 78 ਲੱਖ ਲੈਣ-ਦੇਣ ਹੋਏ ਸਨ, ਜੋ 2025-26 ਵਿੱਚ ਵੱਧ ਕੇ, 24,162 ਕਰੋੜ ਤੋਂ ਵੱਧ ਹੋ ਗਏ ਨੇ। ਇਸੇ ਸਮੇਂ ਦੌਰਾਨ, ਲੈਣ-ਦੇਣ ਦੀ ਕੀਮਤ ਵੀ 7 ਹਜ਼ਾਰ ਕਰੋੜ ਰੁਪਏ ਤੋਂ ਵੱਧ ਕੇ, ਲਗਭਗ 314 ਲੱਖ ਕਰੋੜ ਰੁਪਏ ਹੋ ਗਈ ਏ। ਸਾਡੇ ਪੱਤਰਕਾਰ ਨੇ ਦੱਸਿਆ ਏ ਕਿ, UPI ਨੇ ਡਿਜੀਟਲ ਪਾੜੇ ਨੂੰ ਪੂਰਾ ਕਰਨ, ਵਿੱਤੀ ਸਮਾਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਡਿਜੀਟਲ ਵਿੱਤੀ ਸੇਵਾਵਾਂ ਤੱਕ ਪਹੁੰਚ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ। ਇਸਨੇ ਦੇਸ਼ ਭਰ ਦੇ ਲੋਕਾਂ ਅਤੇ ਭਾਈਚਾਰਿਆਂ ਨੂੰ ਸਮਰੱਥ ਬਣਾਇਆ ਏ ਅਤੇ ਵਿਆਪਕ ਆਰਥਿਕ ਭਾਗੀਦਾਰੀ ਨੂੰ ਉਤਸ਼ਾਹਿਤ ਕੀਤਾ ਏ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ UPI ਦੇ 10 ਸਾਲ ਪੂਰੇ ਹੋਣ 'ਤੇ ਕਿਹਾ ਏ ਕਿ, ਹਰ ਭਾਰਤੀ ਨੂੰ ਦੇਸ਼ ਦੀ ਇਸ ਡਿਜੀਟਲ ਕ੍ਰਾਂਤੀ 'ਤੇ ਮਾਣ ਹੋਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ UPI ਸਿਸਟਮ ਦੀ ਸ਼ੁਰੂਆਤ, ਭਾਰਤ ਦੇ ਡਿਜੀਟਲ ਭੁਗਤਾਨ ਇਤਿਹਾਸ ਵਿੱਚ ਸਭ ਤੋਂ ਵੱਡਾ ਪਲ ਰਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ UPI ਇੱਕ ਦਹਾਕਾ ਪਹਿਲਾਂ ਸ਼ੁਰੂ ਕੀਤਾ ਗਿਆ ਸੀ ਅਤੇ ਇਹ ਭਾਰਤ ਦੀ ਡਿਜੀਟਲ ਭੁਗਤਾਨ ਯਾਤਰਾ ਵਿੱਚ ਹੁਣ ਤੱਕ ਦਾ ਸਭ ਤੋਂ ਫੈਸਲਾਕੁੰਨ ਫੈਸਲਾ ਸਾਬਤ ਹੋਇਆ ਏ। ਹਰ

ਭਾਰਤੀ ਨੂੰ UPI ਦੇ ਵਿਆਪਕ ਪੱਧਰ ਅਤੇ ਪਹੁੰਚ 'ਤੇ ਮਾਣ ਹੋਣਾ ਚਾਹੀਦਾ ਏ।

------------------------------------------------------------

ਅੱਜ ਇੱਕ ਅੰਗਰੇਜ਼ੀ ਅਖ਼ਬਾਰ ਵਿੱਚ ਪ੍ਰਕਾਸ਼ਿਤ ਇੱਕ ਲੇਖ ਵਿੱਚ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਸੰਸਦ ਰਾਜਨੀਤਿਕ ਪਾਰਟੀਆਂ ਦੀ ਨਹੀਂ ਸਗੋਂ ਭਾਰਤ ਦੇ ਲੋਕਾਂ ਦੀ ਹੈ। ਉਨ੍ਹਾਂ ਨੇ ਸਰਕਾਰ ਦੇ ਮਹੱਤਵਪੂਰਨ ਬਿੱਲਾਂ 'ਤੇ ਚਰਚਾ ਸਮੇਤ ਗੱਲਬਾਤ ਵਿੱਚ ਸ਼ਾਮਲ ਹੋਣ ਦੇ ਯਤਨਾਂ ਦਾ ਹਵਾਲਾ ਦਿੱਤਾ। ਉਨ੍ਹਾਂ ਵਿਰੋਧੀ ਆਗੂਆਂ 'ਤੇ ਢਾਂਚਾਗਤ ਬਹਿਸ ਲਈ ਅਸਲ ਪ੍ਰਸਤਾਵਾਂ ਨੂੰ ਰੱਦ ਕਰਨ ਦਾ ਵੀ ਦੋਸ਼ ਲਗਾਇਆ। ਸ਼੍ਰੀ ਰਿਜਿਜੂ ਨੇ ਸੰਸਦ ਵਿੱਚ ਵਾਰ-ਵਾਰ ਹੰਗਾਮਾ ਕਰਨ ਲਈ ਵਿਰੋਧੀ ਪਾਰਟੀਆਂ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸੰਵਿਧਾਨ ਵਿਰੋਧੀ ਧਿਰ ਨੂੰ ਸਵਾਲ ਕਰਨ, ਵਿਰੋਧ ਕਰਨ ਅਤੇ ਵੋਟ ਪਾਉਣ ਦਾ ਅਧਿਕਾਰ ਦਿੰਦਾ ਹੈ, ਪਰ ਸੰਸਦ ਵਿੱਚ ਵਿਘਨ ਪਾਉਣ ਦਾ ਨਹੀਂ।

------------------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਇਕੱਲਿਆ ਚੋਣ ਲੜੇਗੀ। ਬੀਜੇਪੀ ਦੇ ਜਨਰਲ ਸਕੱਤਰ (ਸੰਗਠਨ) ਬੀ.ਐਲ. ਸੰਤੋਸ਼ ਨੇ

ਪਟਿਆਲਾ ਵਿੱਚ ਕਿਹਾ ਕਿ, ਪੰਜਾਬ ਬਦਲਾਅ ਲਈ ਤਿਆਰ ਏ ਅਤੇ ਪਾਰਟੀ ਸੂਬੇ ਵਿੱਚ ਸਰਕਾਰ ਬਣਾਏਗੀ। ਸ੍ਰੀ ਸੰਤੋਸ਼ ਪੰਜਾਬ ਦੇ ਦੋ ਦਿਨਾਂ ਦੌਰੇ 'ਤੇ ਨੇ। ਉਨ੍ਹਾਂ ਦੇ ਦੌਰੇ ਦਾ ਉਦੇਸ਼, ਪਾਰਟੀ ਦੇ ਸੰਗਠਨਾਤਮਕ ਕੰਮਾਂ ਦੀ ਸਮੀਖਿਆ ਕਰਨਾ ਅਤੇ ਸੂਬੇ ਵਿੱਚ ਜ਼ਮੀਨੀ ਪੱਧਰ 'ਤੇ ਤਾਲਮੇਲ ਅਤੇ ਤਿਆਰੀਆਂ ਨੂੰ ਮਜ਼ਬੂਤ ਕਰਨਾ ਏ। ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਅਗਲੇ ਸਾਲ ਦੇ ਸ਼ੁਰੂ ਵਿੱਚ ਹੋਣੀਆਂ ਨੇ। ਇਸ ਤੋਂ ਪਹਿਲਾਂ, ਸ੍ਰੀ ਸੰਤੋਸ਼ ਦਾ ਚੰਡੀਗੜ੍ਹ ਹਵਾਈ ਅੱਡੇ 'ਤੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸਵਾਗਤ ਕੀਤਾ ਅਤੇ ਸੂਬਾ ਭਾਜਪਾ ਸਹਿ-ਇੰਚਾਰਜ ਨਰਿੰਦਰ ਸਿੰਘ ਰੈਣਾ ਨੇ ਉਨ੍ਹਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਕੱਲ੍ਹ ਪਟਿਆਲਾ ਅਤੇ ਬਠਿੰਡਾ ਵਿੱਚ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ। ਸ੍ਰੀ ਸੰਤੋਸ਼ ਸੂਬੇ ਵਿੱਚ ਭਾਜਪਾ ਆਗੂਆਂ ਅਤੇ ਸੰਗਠਨਾਤਮਕ ਕਾਰਜਕਰਤਾਵਾਂ ਨਾਲ ਕਈ ਖੇਤਰੀ ਮੀਟਿੰਗਾਂ ਵੀ ਕਰਨਗੇ। ਅੱਜ ਉਹ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਵਿੱਚ ਮੀਟਿੰਗਾਂ ਕਰਨਗੇ। ਇਨ੍ਹਾਂ ਮੀਟਿੰਗਾਂ ਦੌਰਾਨ ਪੂਰੇ ਪੰਜਾਬ ਤੋਂ ਪਾਰਟੀ ਕਾਰਜਕਰਤਾ ਅਤੇ ਆਗੂ, ਆਉਣ ਵਾਲੀਆਂ ਚੋਣਾਂ ਲਈ ਭਵਿੱਖ ਦੀ ਰਣਨੀਤੀ 'ਤੇ ਚਰਚਾ ਕਰਨ ਲਈ ਆ ਰਹੇ ਨੇ। ਅੰਮ੍ਰਿਤਸਰ

ਵਿੱਚ ਅੱਜ ਸ਼ਾਮ ਸੂਬੇ ਦੇ ਪਾਰਟੀ  ਜਨਰਲ ਸਕੱਤਰਾਂ ਨਾਲ ਇੱਕ ਵੱਖਰੀ ਮੀਟਿੰਗ ਵੀ ਸੰਭਾਵਿਤ ਏ।

--------------------------------------------------------------------

ਸੁਪਰੀਮ ਕੋਰਟ ਨੇ ਕਿਹਾ ਏ ਕਿ ਪ੍ਰਾਈਵੇਟ ਕੰਪਨੀਆਂ ਦੀ ਕਰਮਚਾਰੀ ਭਵਿੱਖ ਨਿਧੀ ਸੰਗਠਨ, EPFO ਅਤੇ ਆਮਦਨ ਟੈਕਸ ਰਿਟਰਨ ਵਰਗੀ ਸੰਵੇਦਨਸ਼ੀਲ ਜਾਣਕਾਰੀ ਤੱਕ ਪਹੁੰਚ "ਚਿੰਤਾਜਨਕ" ਏ। ਅਦਾਲਤ ਨੇ ਕਿਹਾ ਏ ਕਿ ਕੇਂਦਰ ਨੂੰ ਅਜਿਹੇ ਸੁਰੱਖਿਆ ਉਪਾਅ ਕਰਨ 'ਤੇ ਵਿਚਾਰ ਕਰਨਾ ਚਾਹੀਦਾ ਏ, ਜਿਸ ਨਾਲ ਅਜਿਹੀ ਜਾਣਕਾਰੀ ਦੀ ਦੁਰਵਰਤੋਂ ਨਾ ਹੋਵੇ। ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਕੱਲ੍ਹ ਇੱਕ ਤਕਨਾਲੋਜੀ ਪ੍ਰਣਾਲੀ 'ਤੇ ਚਿੰਤਾ ਪ੍ਰਗਟ ਕੀਤੀ, ਜੋ ਕਥਿਤ ਤੌਰ 'ਤੇ ਪ੍ਰਾਵੀਡੈਂਟ ਫੰਡ ਅਤੇ ਆਮਦਨ ਟੈਕਸ ਰਿਕਾਰਡਾਂ ਵਿੱਚ ਮੌਜੂਦ ਸੰਵੇਦਨਸ਼ੀਲ ਨਿੱਜੀ ਜਾਣਕਾਰੀ ਤੱਕ ਪਹੁੰਚ, ਹਾਸਿਲ ਕਰਦੀ ਏ ਅਤੇ ਉਸਦੀ ਤਸਦੀਕ ਕਰਦੀ ਏ।

--------------------------------------------------------------------

ਕੇਂਦਰ ਸਰਕਾਰ ਨੇ ਮਹਿਸੂਲ-ਮੁਕਤ ਦਰਾਮਦ ਕੀਤੀ ਕੱਚੀ ਖੰਡ ਦੀ ਪ੍ਰੋਸੈਸਿੰਗ ਅਤੇ ਵਿਕਰੀ ਲਈ ਸਮਾਂ-ਸੀਮਾ ਵਿੱਚ ਸੋਧ ਕੀਤੀ ਏ। ਦਰਾਮਦਕਾਰਾਂ ਕੋਲ ਹੁਣ ਬਿੱਲ ਆਫ਼ ਐਂਟਰੀ ਦਾਖਲ ਕਰਨ ਦੀ

ਤਰੀਕ ਤੋਂ ਵੱਧ ਤੋਂ ਵੱਧ ਦੋ ਮਹੀਨੇ ਹੋਣਗੇ, ਜਿਸ ਦੇ ਅੰਦਰ ਉਨ੍ਹਾਂ ਨੂੰ ਕੱਚੀ ਖੰਡ ਨੂੰ ਰਿਫਾਇੰਡ ਖੰਡ ਵਿੱਚ ਬਦਲਣਾ ਹੋਏਗਾ ਅਤੇ ਇਸਨੂੰ ਘਰੇਲੂ ਬਾਜ਼ਾਰ ਵਿੱਚ ਵੇਚਣਾ ਹੋਏਗਾ। ਜਦੋਂ ਕੋਈ ਵਪਾਰੀ ਜਾਂ ਦਰਾਮਦਕਾਰ ਵਿਦੇਸ਼ਾਂ ਤੋਂ ਸਾਮਾਨ ਦਰਾਮਦ ਕਰਦਾ ਏ, ਤਾਂ ਉਨ੍ਹਾਂ ਨੂੰ ਬੰਦਰਗਾਹ 'ਤੇ ਮਾਲ ਪਹੁੰਚਣ ਤੋਂ ਪਹਿਲਾਂ ਜਾਂ ਉਸ ਸਮੇਂ ਹੀ ਕਸਟਮ ਵਿਭਾਗ ਨੂੰ ਇੱਕ ਐਲਾਨ ਨਾਮਾ ਦੇਣਾ ਹੁੰਦਾ ਏ। ਇਸਨੂੰ ਬਿੱਲ ਆਫ਼ ਐਂਟਰੀ ਕਿਹਾ ਜਾਂਦਾ ਏ। ਇਸ ਨਾਲ ਸਰਕਾਰ ਨੂੰ ਮਾਤਰਾ, ਮੁੱਲ ਅਤੇ ਉਸ 'ਤੇ ਲਾਗੂ ਟੈਕਸਾਂ ਬਾਰੇ, ਜਾਣਕਾਰੀ ਮਿਲਦੀ ਏ।

---------------------------------------------------------------------

ਕ੍ਰਿਕੇਟ ਵਿੱਚ, ਸ਼੍ਰੀਲੰਕਾ ਨੇ ਕੋਲੰਬੋ ਵਿੱਚ ਭਾਰਤ ਖਿਲਾਫ ਦੂਜੇ ਅਤੇ ਆਖਰੀ ਟੈਸਟ ਮੈਚ ਦੇ ਤੀਜੇ ਦਿਨ, ਆਪਣੀ ਦੂਜੀ ਪਾਰੀ ਵਿੱਚ ਤਾਜ਼ਾ ਖ਼ਬਰਾਂ ਮਿਲਣ ਸਮੇਂ ਤੱਕ 5 ਵਿਕਟਾਂ ਦੇ ਨੁਕਸਾਨ 'ਤੇ 152 ਦੌੜਾਂ ਬਣਾ ਲਈਆਂ ਨੇ। ਇਸ ਤੋਂ ਪਹਿਲਾਂ, ਭਾਰਤ ਨੇ ਆਪਣੀ ਪਹਿਲੀ ਪਾਰੀ, 9 ਵਿਕਟਾਂ 'ਤੇ 503 ਦੌੜਾਂ ਬਣਾ ਕੇ, ਖਤਮ ਕਰਨ ਦਾ ਐਲਾਨ ਕੀਤਾ। ਦੂਜੇ ਦਿਨ, ਧਰੁਵ ਜੁਰੇਲ ਨੇ ਆਪਣੇ ਟੈਸਟ ਕਰੀਅਰ ਦਾ ਦੂਜਾ ਸੈਂਕੜਾ ਲਗਾਇਆ। ਭਾਰਤ ਨੇ ਪਹਿਲਾ ਟੈਸਟ 165 ਦੌੜਾਂ ਨਾਲ ਜਿੱਤਿਆ ਸੀ ਅਤੇ ਦੋ ਮੈਚਾਂ ਦੀ ਲੜੀ ਵਿੱਚ 1-0 ਨਾਲ ਅੱਗੇ ਏ।

---------------------------------------------------------------

- ਰਾਸ਼ਟਰੀ ਸੁਰੱਖਿਆ ਸਲਾਹਕਾਰ ਅਤੇ ਭਾਰਤ-ਚੀਨ ਸਰਹੱਦੀ ਮਾਮਲਿਆਂ ਲਈ ਵਿਸ਼ੇਸ਼ ਪ੍ਰਤੀਨਿਧੀ, ਅਜੀਤ ਡੋਭਾਲ ਨੇ ਅੱਜ ਚੀਨ ਦੇ ਉਪ ਰਾਸ਼ਟਰਪਤੀ ਹਾਨ ਜ਼ੇਂਗ ਨਾਲ ਮੁਲਾਕਾਤ ਕੀਤੀ।
- ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਰੂਸ ਵਿੱਚ, ਭਾਰਤ-ਰੂਸ ਅੰਤਰ-ਸਰਕਾਰੀ ਕਮਿਸ਼ਨ ਦੇ 27ਵੇਂ ਸੈਸ਼ਨ ਦੀ ਸਹਿ-ਪ੍ਰਧਾਨਗੀ ਕੀਤੀ।
- ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ 10 ਸਾਲ ਪੂਰੇ ਕਰ ਲਏ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਹਰ ਭਾਰਤੀ ਨੂੰ ਦੇਸ਼ ਦੀ ਇਸ ਡਿਜੀਟਲ ਕ੍ਰਾਂਤੀ 'ਤੇ ਮਾਣ ਹੋਣਾ ਚਾਹੀਦਾ ਏ।
- ਸੰਸਦੀ ਮਾਮਲਿਆਂ ਬਾਰੇ ਮੰਤਰੀ, ਕਿਰੇਨ ਰਿਜੀਜੂ ਨੇ ਕਿਹਾ ਏ ਕਿ, ਸੰਸਦ ਰਾਜਨੀਤਿਕ ਪਾਰਟੀਆਂ ਦੀ ਨਹੀਂ, ਸਗੋਂ ਭਾਰਤ ਦੇ ਲੋਕਾਂ ਦੀ ਏ।
- ਸੁਪਰੀਮ ਕੋਰਟ ਨੇ ਕਿਹਾ ਏ ਕਿ ਪ੍ਰਾਈਵੇਟ ਕੰਪਨੀਆਂ ਦੀ EPFO ਅਤੇ ਆਮਦਨ ਟੈਕਸ ਰਿਟਰਨ ਵਰਗੀ ਸੰਵੇਦਨਸ਼ੀਲ ਜਾਣਕਾਰੀ ਤੱਕ ਪਹੁੰਚ "ਚਿੰਤਾਜਨਕ" ਏ।

---------------------------------------------------------------------------------

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6ਵਜ ਕੇ 20 ਮਿੰਟ 'ਤੇ ਹੋਏਗਾ। ਨਮਸਕਾਰ!**